ਮਾਰੂ ਮਹਲਾ ੧ ॥ ਨਾ ਭੈਣਾ ਭਰਜਾਈਆ ਨਾ ਸੇ ਸਸੁੜੀਆਹ ॥ ਸਚਾ ਸਾਕੁ ਨ ਤੁਟਈ ਗੁਰੁ ਮੇਲੇ ਸਹੀਆਹ ॥੧॥ ਬਲਿਹਾਰੀ ਗੁਰ ਆਪਣੇ ਸਦ ਬਲਿਹਾਰੈ ਜਾਉ ॥ ਗੁਰ ਬਿਨੁ ਏਤਾ ਭਵਿ ਥਕੀ ਗੁਰਿ ਪਿਰੁ ਮੇਲਿਮੁ ਦਿਤਮੁ ਮਿਲਾਇ ॥ ੧॥ ਰਹਾਉ ॥ ਫੁਫੀ ਨਾਨੀ ਮਾਸੀਆ ਦੇਰ ਜੇਠਾਨੜੀਆਹ ॥ ਆਵਨਿ ਵੰਞਨਿ ਨਾ ਰਹਨਿ ਪੂਰ ਭਰੇ ਪਹੀਆਹ ॥੨॥ ਮਾਮੇ ਤੈ ਮਾਮਾਣੀਆ ਭਾਇਰ ਬਾਪ ਨ ਮਾਉ ॥ ਸਾਥ ਲਡੇ ਤਿਨ ਨਾਠੀਆ ਭੀੜ ਘਣੀ ਦਰੀਆਉ ॥੩॥ ਸਾਚਉ ਰੰਗਿ ਰੰਗਾਵਲੋ ਸਖੀ ਹਮਾਰੋ ਕੰਤੁ ॥ ਸਚਿ ਵਿਛੋੜਾ ਨਾ ਥੀਐ ਸੋ ਸਹੁ ਰੰਗਿ ਰਵੰਤੁ ॥੪॥ ਸਭੇ ਰੁਤੀ ਚੰਗੀਆ ਜਿਤੁ ਸਚੇ ਸਿਉ ਨੇਹੁ ॥ ਸਾ ਧਨ ਕੰਤੁ ਪਛਾਣਿਆ ਸੁਖਿ ਸੁਤੀ ਨਿਸਿ ਡੇਹੁ ॥੫॥ ਪਤਣਿ ਕੂਕੇ ਪਾਤਣੀ ਵੰਞਹੁ ਧ੍ਰੁਕਿ ਵਿਲਾੜਿ ॥ ਪਾਰਿ ਪਵੰਦੜੇ ਡਿਠੁ ਮੈ ਸਤਿਗੁਰ ਬੋਹਿਥਿ ਚਾੜਿ ॥ ੬॥ ਹਿਕਨੀ ਲਦਿਆ ਹਿਕਿ ਲਦਿ ਗਏ ਹਿਕਿ ਭਾਰੇ ਭਰ ਨਾਲਿ ॥ ਜਿਨੀ ਸਚੁ ਵਣੰਜਿਆ ਸੇ ਸਚੇ ਪ੍ਰਭ ਨਾਲਿ ॥੭॥ ਨਾ ਹਮ ਚੰਗੇ ਆਖੀਅਹ ਬੁਰਾ ਨ ਦਿਸੈ ਕੋਇ ॥ ਨਾਨਕ ਹਉਮੈ ਮਾਰੀਐ ਸਚੇ ਜੇਹੜਾ ਸੋਇ ॥੮॥੨॥੧੦॥ {ਪੰਨਾ 1015}

ਪਦਅਰਥ:- ਸਸੁੜੀਆਹ—ਪਿਆਰੀਆਂ ਸੱਸਾਂ। ਸੇ—ਉਹ। ਸਚਾ—ਸਦਾ-ਥਿਰ ਰਹਿਣ ਵਾਲਾ। ਸਹੀਆਹ—ਸਹੇਲੀਆਂ, ਸਤਸੰਗੀ।1।

ਬਲਿਹਾਰੀ—ਸਦਕੇ। ਸਦ—ਸਦਾ। ਜਾਉ—ਮੈਂ ਜਾਂਦੀ ਹਾਂ। ਏਤਾ—ਇਤਨਾ, ਬਹੁਤ ਜ਼ਿਆਦਾ। ਭਵਿ—ਭੌਂ ਭੌਂ ਕੇ। ਗੁਰਿ—ਗੁਰੂ ਨੇ। ਮੇਲਿਮੁ—ਮੈਨੂੰ ਮਿਲਾਇਆ। ਦਿਤਮੁ ਮਿਲਾਇ—ਮੈਨੂੰ ਮਿਲਾ ਦਿੱਤਾ।1। ਰਹਾਉ।

ਦੇਰ—ਦਿਰਾਣੀਆਂ। ਵੰਞਨਿ—ਚਲੀਆਂ ਜਾਂਦੀਆਂ ਹਨ। ਪੂਰ—ਬੇੜੀ ਦੇ ਮੁਸਾਫ਼ਿਰਾਂ ਦੇ ਪੂਰ। ਪਹੀਆਹ—ਮੁਸਾਫ਼ਿਰਾਂ ਦੇ। ਪਹੀ—ਰਾਹੀ, ਪਾਂਧੀ, ਮੁਸਾਫ਼ਿਰ।2।

ਮਾਮਾਣੀਆਂ—ਮਾਮੀਆਂ। ਤੈ—ਅਤੇ। ਭਾਇਰ—ਭਰਾ। ਸਾਥ—ਕਾਫ਼ਲੇ। ਲਡੇ—ਲੱਦੇ (ਜਾ ਰਹੇ ਹਨ)। ਨਾਠੀ—ਪਰਾਹੁਣਾ। ਘਣੀ—ਬਹੁਤ।3।

ਸਾਚਉ—ਸਦਾ-ਥਿਰ ਰਹਿਣ ਵਾਲਾ। ਰੰਗਿ—ਪ੍ਰੇਮ-ਰੰਗ ਵਿਚ। ਰੰਗਾਵਲੋ—ਰੰਗਿਆ ਹੋਇਆ। ਸਖੀ—ਹੇ ਸਖੀ! ਸਚਿ—ਸਦਾ-ਥਿਰ ਪ੍ਰਭੂ ਦੇ ਨਾਮ ਵਿਚ (ਜੁੜਿਆਂ)। ਥੀਐ—ਹੁੰਦਾ। ਸਹੁ—ਖਸਮ। ਰੰਗਿ—ਪ੍ਰੇਮ ਨਾਲ। ਰਵੰਤ—(ਆਪਣੇ ਨਾਲ) ਮਿਲਾਂਦਾ ਹੈ, ਮਾਣਦਾ ਹੈ।4।

ਰੁਤੀ—ਰੁਤਾਂ {'ਰੁਤਿ' ਤੋਂ 'ਰੁਤੀ' ਬਹੁ-ਵਚਨ}। ਜਿਤੁ—ਜਿਸ ਜਿਸ (ਰੁਤ) ਵਿਚ। ਸਾਧਨ—ਜੀਵ-ਇਸਤ੍ਰੀ। ਸੁਖਿ—ਸੁਖ ਵਿਚ। ਸੁਤੀ—ਸ਼ਾਂਤ-ਚਿੱਤ ਹੋ ਗਈ। ਨਿਸਿ—ਰਾਤ। ਡੇਹੁ—ਦਿਨ।5।

ਪਤਣਿ—ਪੱਤਣ ਉਤੇ। ਪਾਤਣੀ—ਮਲਾਹ। ਵੰਞਹੁ—ਲੰਘ ਜਾਓ। ਧ੍ਰੁਕਿ—ਦੌੜ ਕੇ। ਵਿਲਾੜਿ—ਛਾਲ ਮਾਰ ਕੇ। ਪਵੰਦੜੇ—ਪੈਂਦੇ, ਅੱਪੜੇ। ਡਿਠੁ—ਵੇਖੇ ਹਨ। ਬੋਹਿਥਿ—ਜਹਾਜ਼ ਵਿਚ। ਚਾੜਿ—ਚੜ੍ਹ ਕੇ, ਚੜਿ।6।

ਹਿਕਨੀ—ਕਈ (ਜੀਵ-ਰਾਹੀਆਂ) ਨੇ। ਹਿਕਿ—ਕਈ {'ਹਿਕ' ਤੋਂ 'ਹਿਕਿ' ਬਹੁ-ਵਚਨ}। ਹਿਕ—ਇਕ। ਲਦਿ—ਲੱਦ ਕੇ। ਭਾਰੇ—(ਪਾਪਾਂ ਦੇ ਭਾਰ ਨਾਲ) ਭਾਰੇ। ਭਰਨਾਲਿ—ਸਮੁੰਦਰ ਵਿਚ (ਡੁੱਬ ਗਏ)। ਸਚੁ—ਸਦਾ-ਥਿਰ ਰਹਿਣ ਵਾਲਾ ਨਾਮ-ਵੱਖਰ। ਵਣੰਜਿਆ—ਖ਼ਰੀਦਿਆ, ਵਪਾਰ ਕੀਤਾ।7।

ਮਾਰੀਐ—ਮਾਰਨੀ ਚਾਹੀਦੀ ਹੈ। ਜੇਹੜਾ—ਜੇਹਾ, ਵਰਗਾ। ਸੋਇ—ਉਹ ਮਨੁੱਖ (ਜੇਹੜਾ ਹਉਮੈ ਮਾਰਦਾ ਹੈ)।8।

ਅਰਥ:- ਮੈਂ ਆਪਣੇ ਗੁਰੂ ਤੋਂ ਕੁਰਬਾਨ ਹਾਂ, ਸਦਾ ਕੁਰਬਾਨ ਜਾਂਦੀ ਹਾਂ। ਗੁਰੂ (ਦੇ ਮਿਲਾਪ) ਤੋਂ ਬਿਨਾ ਮੈਂ ਭੌਂ ਭੌਂ ਕੇ ਬਹੁਤ ਥੱਕ ਗਈ ਸਾਂ, (ਹੁਣ) ਗੁਰੂ ਨੇ ਮੈਨੂੰ ਪਤੀ ਮਿਲਾਇਆ ਹੈ, ਮੈਨੂੰ (ਪਤੀ) ਮਿਲਾ ਦਿੱਤਾ ਹੈ।1। ਰਹਾਉ।

ਗੁਰੂ (ਸਤ ਸੰਗੀ-) ਸਹੇਲੀਆਂ ਨਾਲ ਮਿਲਾਂਦਾ ਹੈ (ਸਤਸੰਗੀਆਂ ਵਾਲਾ) ਸਦਾ-ਥਿਰ ਰਹਿਣ ਵਾਲਾ ਸਾਕ ਕਦੇ ਨਹੀਂ ਟੁੱਟਦਾ। ਨਾਹ ਭੈਣਾਂ ਨਾਹ ਭਰਜਾਈਆਂ ਨਾਹ ਸੱਸਾਂ—ਕਿਸੇ ਦਾ ਭੀ ਉਹੋ ਜਿਹਾ ਸਾਕ ਨਹੀਂ ਜੋ (ਸਤਸੰਗੀ) ਸਹੇਲੀਆਂ ਦਾ ਹੈ।1।

ਫੁੱਫੀਆਂ, ਨਾਨੀਆਂ, ਮਾਸੀਆਂ, ਦਿਰਾਣੀਆਂ, ਜਿਠਾਣੀਆਂ—ਇਹ (ਸੰਸਾਰ ਵਿਚ) ਆਉਂਦੀਆਂ ਹਨ ਤੇ ਚਲੀਆਂ ਜਾਂਦੀਆਂ ਹਨ, ਸਦਾ (ਸਾਡੇ ਨਾਲ) ਨਹੀਂ ਰਹਿੰਦੀਆਂ। ਇਹਨਾਂ (ਸਾਕਾਂ ਅੰਗਾਂ-) ਰਾਹੀਆਂ ਦੇ ਪੂਰਾਂ ਦੇ ਪੂਰ ਭਰੇ ਹੋਏ ਚਲੇ ਜਾਂਦੇ ਹਨ।2।

ਮਾਮੇ, ਮਾਮੀਆਂ, ਭਰਾ, ਪਿਉ, ਤੇ ਮਾਂ—(ਕਿਸੇ ਨਾਲ ਭੀ ਸੱਚਾ ਸਾਕ) ਨਹੀਂ ਬਣ ਸਕਦਾ। (ਇਹ ਭੀ ਪਰਾਹੁਣਿਆਂ ਵਾਂਗ ਹਨ) ਇਹਨਾਂ ਪਰਾਹੁਣਿਆਂ ਦੇ ਕਾਫ਼ਲੇ ਦੇ ਕਾਫ਼ਲੇ ਲੱਦੇ ਚਲੇ ਜਾ ਰਹੇ ਹਨ। ਸੰਸਾਰ-ਦਰੀਆ ਦੇ ਪੱਤਣ ਉਤੇ ਇਹਨਾਂ ਦੀ ਭੀੜ ਲੱਗੀ ਪਈ ਹੈ।3।

ਹੇ ਸਹੇਲੀਹੋ! ਸਾਡਾ ਖਸਮ-ਪ੍ਰਭੂ ਹੀ ਸਦਾ-ਥਿਰ ਰਹਿਣ ਵਾਲਾ ਹੈ ਤੇ ਉਹ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ। ਉਸ ਸਦਾ-ਥਿਰ ਦੇ ਨਾਮ ਵਿਚ ਜੁੜਿਆਂ ਉਸ ਨਾਲੋਂ ਵਿਛੋੜਾ ਨਹੀਂ ਹੁੰਦਾ। (ਚਰਨਾਂ ਵਿਚ ਜੁੜੀ ਜੀਵ-ਇਸਤ੍ਰੀ ਨੂੰ) ਉਹ ਖਸਮ ਪਿਆਰ ਨਾਲ ਗਲੇ ਲਾਈ ਰੱਖਦਾ ਹੈ।4।

ਜੇਹੜੀ ਜੀਵ-ਇਸਤ੍ਰੀ ਖਸਮ-ਪ੍ਰਭੂ (ਦੇ ਸਾਕ) ਨੂੰ ਪਛਾਣ ਲੈਂਦੀ ਹੈ ਉਸ ਨੂੰ ਉਹ ਸਾਰੀਆਂ ਹੀ ਰੁੱਤਾਂ ਚੰਗੀਆਂ ਲੱਗਦੀਆਂ ਹਨ ਜਿਸ ਜਿਸ ਰੁੱਤ ਵਿਚ ਸਦਾ-ਥਿਰ ਪ੍ਰਭੂ-ਪਤੀ ਨਾਲ ਉਸ ਦਾ ਪਿਆਰ ਬਣਦਾ ਹੈ, (ਕਿਉਂਕਿ) ਉਹ ਜੀਵ-ਇਸਤ੍ਰੀ ਦਿਨ ਰਾਤ ਪੂਰਨ ਆਨੰਦ ਵਿਚ ਸ਼ਾਂਤ-ਚਿੱਤ ਰਹਿੰਦੀ ਹੈ।5।

(ਸੰਸਾਰ-ਦਰੀਆ ਦੇ) ਪੱਤਣ ਉਤੇ (ਖਲੋਤਾ) ਗੁਰੂ-ਮਲਾਹ (ਜੀਵ-ਰਾਹੀਆਂ ਨੂੰ) ਪੁਕਾਰ ਕੇ ਕਹਿ ਰਿਹਾ ਹੈ ਕਿ (ਪ੍ਰਭੂ-ਨਾਮ ਦੇ ਜਹਾਜ਼ ਵਿਚ ਚੜ੍ਹੋ ਤੇ) ਦੌੜ ਕੇ ਛਾਲ ਮਾਰ ਕੇ ਪਾਰ ਲੰਘ ਜਾਵੋ। ਸਤਿਗੁਰੂ ਦੇ ਜਹਾਜ਼ ਵਿਚ ਚੜ੍ਹ ਕੇ (ਸੰਸਾਰ-ਦਰੀਆ ਤੋਂ) ਪਾਰ ਅੱਪੜੇ ਹੋਏ (ਅਨੇਕਾਂ ਹੀ ਪ੍ਰਾਣੀ) ਮੈਂ (ਆਪ) ਵੇਖੇ ਹਨ।6।

(ਸਤਿਗੁਰੂ ਦਾ ਹੋਕਾ ਸੁਣ ਕੇ) ਅਨੇਕਾਂ ਜੀਵਾਂ ਨੇ (ਸੰਸਾਰ-ਦਰੀਆ ਤੋਂ ਪਾਰ ਲੰਘਣ ਲਈ ਪ੍ਰਭੂ-ਨਾਮ ਦਾ ਵੱਖਰ ਗੁਰੂ ਦੇ ਜਹਾਜ਼ ਵਿਚ) ਲੱਦ ਲਿਆ ਹੈ, ਅਨੇਕਾਂ ਹੀ ਲੱਦ ਕੇ ਪਾਰ ਪਹੁੰਚ ਗਏ ਹਨ, ਪਰ ਅਨੇਕਾਂ ਹੀ (ਐਸੇ ਭੀ ਮੰਦਭਾਗੀ ਹਨ ਜਿਨ੍ਹਾਂ ਗੁਰੂ ਦੀ ਪੁਕਾਰ ਦੀ ਪਰਵਾਹ ਨਹੀਂ ਕੀਤੀ, ਤੇ ਉਹ ਵਿਕਾਰਾਂ ਦੇ ਭਾਰ ਨਾਲ) ਭਾਰੇ ਹੋ ਕੇ ਸੰਸਾਰ-ਸਮੁੰਦਰ ਦੇ ਵਿਚ (ਡੁੱਬ ਗਏ ਹਨ)। ਜਿਨ੍ਹਾਂ ਨੇ (ਗੁਰੂ ਦਾ ਉਪਦੇਸ਼ ਸੁਣ ਕੇ) ਸਦਾ-ਥਿਰ ਰਹਿਣ ਵਾਲਾ ਨਾਮ-ਵੱਖਰ ਖ਼ਰੀਦਿਆ ਹੈ ਉਹ (ਸਦਾ-ਥਿਰ ਪ੍ਰਭੂ ਦੇ) ਚਰਨਾਂ ਵਿਚ ਲੀਨ ਹੋ ਗਏ ਹਨ।7।

ਹੇ ਨਾਨਕ! (ਪ੍ਰਭੂ-ਚਰਨਾਂ ਵਿਚ ਇਕ-ਮਿਕ ਹੋਣ ਵਾਸਤੇ) ਹਉਮੈ ਦੂਰ ਕਰਨੀ ਚਾਹੀਦੀ ਹੈ (ਜਿਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਹਉਮੈ ਦੂਰ ਕੀਤੀ) ਉਹ ਸਦਾ-ਥਿਰ ਪ੍ਰਭੂ ਵਰਗਾ ਹੀ ਬਣ ਗਿਆ। (ਅਜੇਹੇ ਭਾਗਾਂ ਵਾਲੇ ਬੰਦੇ ਇਹ ਨਿਸ਼ਚਾ ਰੱਖਦੇ ਹਨ ਕਿ) ਅਸੀਂ (ਸਭ ਤੋਂ) ਚੰਗੇ ਨਹੀਂ ਆਖੇ ਜਾ ਸਕਦੇ, ਤੇ ਸਾਥੋਂ ਭੈੜਾ ਕੋਈ ਮਨੁੱਖ (ਜਗਤ ਵਿਚ) ਨਹੀਂ ਦਿੱਸਦਾ।8।2।10।